# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਕ ਖਬਰਾਂ ਪੰਜਾਬੀ

## 18:20

**ਮਿਤੀ : 16-10-2026**

- ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਪੰਜਾਬ ਵਿੱਚ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ, ਗੈਂਗਸਟਰਵਾਦ ਅਤੇ ਸੰਗਠਿਤ ਅਪਰਾਧ ਦੇ ਵਧ ਰਹੇ ਖ਼ਤਰੇ 'ਤੇ ਚਿੰਤਾ ਪ੍ਰਗਟ ਕੀਤੀ।
- BJP ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਬੀਨ ਨੇ ਕਿਹਾ -ਪੰਜਾਬ ਨੂੰ ਡਰੱਗ ਮਾਫੀਆ ਖਿਲਾਫ ਫੈਸਲਾਕੁੰਨ ਕਾਰਵਾਈ ਦੀ ਲੋੜ ਏ।
- -ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਅੱਜ ਸੀਨੀਅਰ ਸਿਵਲ ਅਤੇ ਪੁਲਿਸ ਅਧਿਕਾਰੀਆਂ ਦੀ ਇੱਕ ਉੱਚ ਪੱਧਰੀ ਸਮੀਖਿਆ ਮੀਟਿੰਗ–ਕਿਹਾ ਪੰਜਾਬ ਤੋਂ ਨਸ਼ਿਆਂ ਦਾ ਦਾਗ਼ ਮਿਟਾਉਣ ਲਈ ਸਰਕਾਰ ਪੂਰੀ ਤਨਦੇਹੀ ਨਾਲ ਕੰਮ ਕਰ ਰਹੀ ਏ I
- ਚੰਡੀਗੜ੍ਹ ਦੀ ਮਸ਼ਹੂਰ ਸੁਖਨਾ ਜਲਗਾਹ ਨੇ 'ਰਾਮਸਰ ਸਾਈਟ' ਵਜੋਂ ਅੰਤਰ-ਰਾਸ਼ਟਰੀ ਮਾਨਤਾ ਹਾਸਿਲ ਕੀਤੀ।

- ਮਹਿਲਾਵਾਂ ਦੇ ਤਿੰਨ ਟਵੈਂਟੀ-ਟਵੈਂਟੀ ਮੈਚਾਂ ਦੀ ਲੜੀ ਦਾ ਪਹਿਲਾ ਮੈਚ, ਭਾਰਤ ਅਤੇ ਜ਼ਿੰਬਾਬਵੇ ਦਰਮਿਆਨ ਅੱਜ ਰਾਏਪੁਰ ਵਿੱਚ ਸ਼ਾਮੀਂ 7 ਵਜੇ ਖੇਡਿਆ ਜਾਵੇਗਾ I

--------------------------------------------------------------------------------

ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਪੰਜਾਬ ਵਿੱਚ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ, ਗੈਂਗਸਟਰਵਾਦ ਅਤੇ ਸੰਗਠਿਤ ਅਪਰਾਧ ਦੇ ਵਧ ਰਹੇ ਖ਼ਤਰੇ 'ਤੇ ਚਿੰਤਾ ਪ੍ਰਗਟ ਕੀਤੀ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਅਮਿਤ ਸ਼ਾਹ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ ਨੂੰ ਪੁੱਛਿਆ ਏ ਕਿ ਪੰਜਾਬ ਦੇ ਲੋਕਾਂ ਦੀ ਸੁਰੱਖਿਆ ਕੌਣ ਯਕੀਨੀ ਬਣਾਏਗਾ । ਇਸ ਦੇ ਨਾਲ ਹੀ, ਗ੍ਰਹਿ ਮੰਤਰੀ ਨੇ ਸੂਬੇ ਦੇ ਲੋਕਾਂ ਨੂੰ ਆਪਣਾ ਸੰਕਲਪ ਦੁਹਰਾਇਆ ਏ ਕਿ ਜੇਕਰ BJP ਸਰਕਾਰ ਬਣਾਉਂਦੀ ਏ , ਤਾਂ ਪਾਰਟੀ ਨਸ਼ਾ ਮੁਕਤ, ਗੈਂਗਸਟਰ ਮੁਕਤ, ਸੁਰੱਖਿਅਤ ਪੰਜਾਬ ਬਣਾਉਣ ਲਈ ਆਪਣੀ ਪੂਰੀ ਤਾਕਤ ਨਾਲ ਕੰਮ ਕਰੇਗੀ। ਉਨ੍ਹਾਂ ਕਿਹਾ ਕਿ ਪਾਰਟੀ ਦਾ ਟੀਚਾ ਸਪੱਸ਼ਟ ਏ -ਕਿ ਨਸ਼ਿਆਂ ਦੇ ਵਪਾਰ 'ਤੇ ਹਮਲਾ ਕਰਨਾ, ਨੌਜਵਾਨਾਂ ਦੇ ਭਵਿੱਖ ਦੀ ਰੱਖਿਆ ਕਰਨਾ, ਅਪਰਾਧੀਆਂ ਖਿਲਾਫ ਸਖ਼ਤ ਕਾਰਵਾਈ ਕਰਨਾ ਅਤੇ ਕਾਨੂੰਨ ਦਾ ਅਜਿਹਾ ਰਾਜ ਯਕੀਨੀ ਬਣਾਉਣਾ ਜਿਸ ਵਿੱਚ ਕੋਈ ਵੀ ਨਾਗਰਿਕ ਡਰ ਨਾਲ ਰਹਿਣ ਲਈ ਮਜਬੂਰ ਨਾ ਹੋਵੇ। **ਵੇਰਵੇ ਨਾਲ ਇਕ ਰਿਪੋਰਟ : RNU161020**

-------------------------------------------------------------------------------------

BJP ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਬੀਨ ਨੇ ਵੀ ਕਿਹਾ ਏ ਕਿ ਪੰਜਾਬ ਦਾ ਨਸ਼ਾ ਸੰਕਟ ਚਿੰਤਾਜਨਕ ਪੱਧਰ 'ਤੇ ਪਹੁੰਚ ਗਿਆ ਏ । ਮਾਨਸਾ ਵਿੱਚ ਨਸ਼ਾ ਵਿਰੋਧੀ ਕਾਰਜਕਰਤਾ ਪਰਵਿੰਦਰ ਸਿੰਘ ਝੋਟੇ ਦੇ ਕਤਲ ਤੋਂ ਦੋ ਦਿਨ ਬਾਅਦ, ਗੁਰਦਾਸਪੁਰ ਵਿੱਚ 40 ਸਾਲਾ ਬਿਕਰਮਜੀਤ ਸਿੰਘ ਦਾ ਕਤਲ, ਆਮ ਆਦਮੀ ਪਾਰਟੀ ਸਰਕਾਰ ਦੇ ਅਧੀਨ ਕਾਨੂੰਨ ਵਿਵਸਥਾ ਦੇ ਢਹਿ-ਢੇਰੀ ਹੋਣ ਬਾਰੇ ਗੰਭੀਰ ਸਵਾਲ ਖੜ੍ਹੇ ਕਰਦੀ ਏ । ਸੋਸ਼ਲ ਮੀਡੀਆ 'ਤੇ ਇੱਕ ਪੋਸਟ ਵਿੱਚ, ਉਨ੍ਹਾਂ ਕਿਹਾ ਕਿ ਪੰਜਾਬ ਨੂੰ ਡਰੱਗ ਮਾਫੀਆ ਖਿਲਾਫ ਫੈਸਲਾਕੁੰਨ ਕਾਰਵਾਈ ਅਤੇ ਇਸਦੇ ਨਾਗਰਿਕਾਂ ਦੀ ਸੁਰੱਖਿਆ ਦੀ ਲੋੜ ਏ । ਪੰਜਾਬ ਦੇ ਲੋਕ ਜਵਾਬਦੇਹੀ ਅਤੇ ਇੱਕ ਅਜਿਹੀ ਸਰਕਾਰ ਦੇ ਹੱਕਦਾਰ ਨੇ ਜੋ ਉਨ੍ਹਾਂ ਨੂੰ ਸੁਰੱਖਿਅਤ ਰੱਖ ਸਕੇ ।

-------------------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਪੰਜਾਬ ਪੁਲਿਸ ਅਕੈਡਮੀ, ਫਿਲੌਰ ਵਿਖੇ ਸੀਨੀਅਰ ਸਿਵਲ ਅਤੇ ਪੁਲਿਸ ਅਧਿਕਾਰੀਆਂ ਦੀ ਇੱਕ ਉੱਚ ਪੱਧਰੀ ਮੀਟਿੰਗ ਦੌਰਾਨ ਸੂਬੇ ਵਿੱਚ ਕਾਨੂੰਨ ਵਿਵਸਥਾ ਦੀ ਸਥਿਤੀ ਅਤੇ 'ਯੁੱਧ ਨਸ਼ਿਆਂ ਵਿਰੋਧੀ' ਮੁਹਿੰਮ ਦੀ ਸਮੀਖਿਆ ਕੀਤੀ। ਡਿਪਟੀ ਕਮਿਸ਼ਨਰ, ਪੁਲਿਸ ਕਮਿਸ਼ਨਰ, ਸੀਨੀਅਰ ਪੁਲਿਸ ਕਪਤਾਨ

ਅਤੇ ਹੋਰ ਸੀਨੀਅਰ ਅਧਿਕਾਰੀ ਮੀਟਿੰਗ ਵਿੱਚ ਸ਼ਾਮਲ ਹੋਏ। ਮੀਟਿੰਗ ਵਿੱਚ ਡੀ.ਸੀ, ਐਸ.ਐਸ.ਪੀ, ਐਸ.ਪੀ, ਐਸ.ਡੀ.ਐਮ ਅਤੇ ਸਾਰੇ ਸਬੰਧਤ ਵਿਭਾਗਾਂ ਦੇ ਜ਼ਿਲ੍ਹਾ ਮੁਖੀਆਂ ਨੂੰ ਸ਼ਾਮਲ ਕਰਨ ਵਾਲੀ 60 ਦਿਨਾਂ ਦੀ ਕਾਰਜ ਯੋਜਨਾ 'ਤੇ ਕੇਂਦ੍ਰਿਤ ਕੀਤਾ ਗਿਆ, ਜਿਸ ਵਿੱਚ ਜ਼ਮੀਨੀ ਪੱਧਰ 'ਤੇ ਪਾਏਦਾਰ ਨਤੀਜੇ ਯਕੀਨੀ ਬਣਾਉਣ ਲਈ ਲਾਗੂਕਰਨ, ਰੋਕਥਾਮ, ਨਸ਼ਾ ਛੁਡਾਊ, ਮੁੜਵਸੇਬਾ ਅਤੇ ਭਾਈਚਾਰਕ ਵਿਕਾਸ ਵਿੱਚ ਤਾਲਮੇਲ ਵਾਲੇ ਯਤਨ ਕੀਤੇ ਜਾਣਗੇ। ਬਾਅਦ ਵਿੱਚ, ਵੱਡੀ ਗਿਣਤੀ 'ਚ ਪੁਲਿਸ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਅਤੇ ਹੋਰਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ, ਉਨ੍ਹਾਂ ਕਿਹਾ ਕਿ ਸਰਕਾਰ ਨਸ਼ਿਆਂ ਦੇ ਇਸ ਦਾਗ਼ ਨੂੰ ਸਾਫ਼ ਕਰਨ ਲਈ ਆਪਣੀ ਪੂਰੀ ਕੋਸ਼ਿਸ਼ ਕਰ ਰਹੀ ਏ । ਉਨ੍ਹਾਂ ਕਿਹਾ ਕਿ ਸੂਬੇ ਨੂੰ ਨਸ਼ਿਆਂ ਤੋਂ ਮੁਕਤ ਕਰਨ ਲਈ, ਜਨਤਕ ਭਾਗੀਦਾਰੀ ਹੋਣੀ ਚਾਹੀਦੀ ਏ **।BYTE:RNU161026**

ਮਾਨਸਾ ਵਿੱਚ ਨਸ਼ਾ ਵਿਰੋਧੀ ਕਾਰਕੁਨ ਪਰਵਿੰਦਰ ਸਿੰਘ ਝੋਟਾ ਦੇ ਕਤਲ ਦੀ ਨਿੰਦਾ ਕਰਦੇ ਹੋਏ, ਉਨ੍ਹਾਂ ਦੁਹਰਾਇਆ ਕਿ ਇਸ ਵਿਚ ਸ਼ਾਮਿਲ ਕਿਸੇ ਨੂੰ ਵੀ ਬਖਸ਼ਿਆ ਨਹੀਂ ਜਾਵੇਗਾ। ਸ੍ਰੀ ਮਾਨ ਨੇ ਕਿਹਾ ਕਿ ਕਿਸੇ ਵੀ ਅਪਰਾਧਿਕ ਗਤੀਵਿਧੀਆਂ ਲਈ ਪੁਲਿਸ ਨੂੰ ਦੋਸ਼ੀ ਠਹਿਰਾਉਣਾ ਆਸਾਨ

ਏ ਹਾਲਾਂਕਿ, ਉਨ੍ਹਾਂ ਕਿਹਾ ਕਿ ਤੁਸੀਂ ਹੀ ਰੱਖਿਅਕ ਹੋ ਅਤੇ ਤੁਹਾਨੂੰ ਬਿਨਾਂ ਕਿਸੇ ਡਰ ਦੇ ਸੂਬੇ ਲਈ ਇਮਾਨਦਾਰੀ ਨਾਲ ਕੰਮ ਕਰਨਾ ਚਾਹੀਦਾ ਏ ।

---------------------------------------------------------------------------------

ਬੀਤੇ ਦਿਨੀ ਨਸ਼ਾ ਵਿਰੋਧੀ ਕਾਰਕੁਨ ਪਰਵਿੰਦਰ ਸਿੰਘ ਝੋਟਾ ਦੇ ਕਤਲ ਮਾਮਲੇ ਵਿੱਚ, ਮੁੱਖ ਮੁਲਜ਼ਮ ਕੈਮਿਸਟ ਅਸ਼ਵਨੀ ਕੁਮਾਰ ਅਤੇ ਉਸਨੂੰ ਪਨਾਹ ਦੇਣ ਵਾਲੇ ਸਾਥੀ ਵਿਪਿਨ ਗਰਗ ਨੂੰ, 22 ਅਕਤੂਬਰ ਤੱਕ ਪੁਲਿਸ ਹਿਰਾਸਤ ਵਿੱਚ ਭੇਜ ਦਿੱਤਾ ਗਿਆ ਏ । ਮੁੱਖ ਮੁਲਜ਼ਮ ਅਸ਼ਵਨੀ ਕੁਮਾਰ ਦੀ ਪਤਨੀ ਨੀਲਮ ਰਾਣੀ ਨੂੰ ਵੀ ਅੱਜ ਵੀਡੀਓ ਕਾਨਫਰੰਸਿੰਗ ਰਾਹੀਂ ਕੋਰਟ ਵਿੱਚ ਪੇਸ਼ ਕੀਤਾ ਗਿਆ, ਜਿਥੇ ਅਦਾਲਤ ਨੇ ਉਸਨੂੰ 22 ਅਕਤੂਬਰ ਤੱਕ ਪੁਲੀਸ ਹਿਰਾਸਤ ਵਿੱਚ ਭੇਜਿਆ ਗਿਆ ਏ । ਓਧਰ ਡਿਪਟੀ ਕਮਿਸ਼ਨਰ ਨਵਜੋਤ ਕੌਰ ਅਤੇ ਐਸ.ਐਸ.ਪੀ. ਵੈਭਵ ਚੌਧਰੀ ਨੇ ਗੋਲੀਆਂ ਵੱਜਣ ਕਾਰਨ ਜ਼ਖ਼ਮੀ ਹੋਏ ਚਾਰ ਵਿਅਕਤੀਆਂ ਦਾ ਹਾਲ ਜਾਣਿਆ । ਡਿਪਟੀ ਕਮਿਸ਼ਨਰ ਨਵਜੋਤ ਕੌਰ ਨੇ ਦੁਹਰਾਇਆ ਕਿ ਸਰਕਾਰ ਪੀੜਤਾਂ ਦੇ ਨਾਲ ਖੜ੍ਹੀ ਏ ਅਤੇ ਇਲਾਜ ਵਿੱਚ ਕਿਸੇ ਵੀ ਕਿਸਮ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।

---------------------------------------------------------------------------------

ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਅੱਜ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਹੋਈ, ਜਿਸ ਵਿਚ ਲੁਧਿਆਣਾ ਦੇ ਹਲਕਾ ਪਾਇਲ ਤੋਂ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਦਾ ਮਾਮਲਾ ਵਿਚਾਰਿਆ ਗਿਆ। ਇਸ ਮੌਕੇ ਪੰਜਾਬ ਦੇ ਵਿਧਾਇਕਾਂ ਦਾ ਵਫ਼ਦ ਅਕਾਲ ਤਖਤ ਸਾਹਮਣੇ ਪੇਸ਼ ਹੋਇਆ । ਊਨਾ ਮੰਨਿਆ ਕਿ ਮਨਵਿੰਦਰ ਸਿੰਘ ਗਿਆਸਪੁਰਾ ਨੇ ਜਾਣਬੁੱਝ ਕੇ ਜਾਤ ਦਾ ਮੁੱਦਾ ਬਣਾਇਆ, ਜਦਕਿ ਉਸ ਦਿਨ ਇਸ ਤਰ੍ਹਾਂ ਦੀ ਕੋਈ ਗੱਲ ਨਹੀਂ ਹੋਈ । ਵਿਧਾਇਕਾਂ ਨੇ ਕਿਹਾ ਕਿ ਗਿਆਸਪੁਰਾ ਵਲੋਂ ਦਿਤਾ ਗਿਆ ਬਿਆਨ ਉਨ੍ਹਾਂ ਦੇ ਨਿਜੀ ਵਿਚਾਰ ਨੇ ਅਤੇ ਇਸ ਨਾਲ ਵਫਦ ਸਹਿਮਤ ਨਹੀਂ ਏ । ਸਿੰਘ ਸਾਹਿਬਾਨ ਨੇ ਕਿਹਾ ਕਿ ਗਿਆਸਪੁਰਾ ਵੱਲੋਂ ਗੁਰੂ ਸਾਹਿਬ ਦੇ ਸਿਰਜੇ ਤਖ਼ਤ ਸਾਹਿਬ ਬਾਰੇ ਝੂਠ ਬੋਲਦਿਆਂ ਸ੍ਰੀ ਦਰਬਾਰ ਸਾਹਿਬ ਦੇ ਸੇਵਾਦਾਰਾਂ ਉੱਤੇ ਜਾਤੀ ਵਿਤਕਰੇ ਦੇ ਝੂਠੇ ਦੋਸ਼ ਲਗਾਏ ਗਏ। ਜਿਸ ਨਾਲ ਸਿੱਖ ਸਿਧਾਂਤਾਂ ਨੂੰ ਢਾਹ ਲਗੀ ਏ ਇਸ ਲਈ ਮਨਵਿੰਦਰ ਸਿੰਘ ਗਿਆਸਪੁਰਾ ਨੂੰ ਤਨਖਾਹੀਆ ਕਰਾਰ ਦਿੱਤਾ ਗਿਆ ਏ ।

---------------------------------------------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਸਰਦਾਰ ਕੁਲਤਾਰ ਸਿੰਘ ਸੰਧਵਾਂ ਨੇ ਅੱਜ ਮਹਾਨ ਸਿੱਖ ਯੋਧੇ ਅਤੇ ਜਰਨੈਲ ਬਾਬਾ ਬੰਦਾ ਸਿੰਘ ਬਹਾਦਰ ਜੀ ਦੇ ਪਾਵਨ ਜਨਮ ਦਿਹਾੜੇ ਮੌਕੇ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।

ਸਪੀਕਰ ਸੰਧਵਾਂ ਨੇ ਲੋਕਾਂ ਨੂੰ ਮਹਾਨ ਜਰਨੈਲ ਵੱਲੋਂ ਦਿਖਾਏ ਸੱਚ, ਨਿਆਂ ਅਤੇ ਨਿਰਸਵਾਰਥ ਸੇਵਾ ਦੇ ਮਾਰਗ 'ਤੇ ਚੱਲਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਜੀ ਨੇ ਸਿੱਖ ਕੌਮ ਅਤੇ ਸਮੁੱਚੀ ਮਾਨਵਤਾ ਲਈ ਲਾਮਿਸਾਲ ਸੇਵਾ ਨਿਭਾਈ-ਉਨ੍ਹਾਂ ਦੀਆਂ ਲਾਸਾਨੀ ਕੁਰਬਾਨੀਆਂ ਅਤੇ ਵਡਮੁੱਲਾ ਯੋਗਦਾਨ ਇਤਿਹਾਸ ਦੇ ਸੁਨਹਿਰੀ ਪੰਨਿਆਂ ਵਿੱਚ ਦਰਜ ਏ । ਸਪੀਕਰ ਨੇ ਦੁਹਰਾਇਆ ਕਿ ਬਾਬਾ ਬੰਦਾ ਸਿੰਘ ਬਹਾਦਰ ਜੀ ਦੀ ਸ਼ਾਨਾਮੱਤੀ ਵਿਰਾਸਤ ਅਤੇ ਸਾਹਸ ਭਰੇ ਕਾਰਨਾਮੇ ਲੋਕਾਂ ਨੂੰ ਬੇਇਨਸਾਫ਼ੀ ਵਿਰੁੱਧ ਡਟ ਕੇ ਖੜ੍ਹਨ ਲਈ ਸਦਾ ਪ੍ਰੇਰਿਤ ਕਰਦੇ ਰਹਿਣਗੇ।

---

ਅੱਜ ਵਿਸ਼ਵ ਖੁਰਾਕ ਦਿਵਸ ਦੇ ਮੌਕੇ 'ਤੇ, ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਕਿ ਭੋਜਨ ਜੀਵਨ ਏ ਅਤੇ ਇਸਨੂੰ ਪਰਮਾਤਮਾ ਦੇ ਬਰਾਬਰ ਮੰਨਿਆ ਜਾਂਦਾ ਏ । ਇੱਕ ਸੋਸ਼ਲ ਮੀਡੀਆ ਸੰਦੇਸ਼ ਵਿੱਚ, ਸ਼੍ਰੀ ਚੌਹਾਨ ਨੇ ਕਿਹਾ ਕਿ ਭਾਰਤੀ ਸੱਭਿਆਚਾਰ ਵਿੱਚ ਭੋਜਨ ਨੂੰ ਦੇਵਤਾ ਦਾ ਦਰਜਾ ਦਿੱਤਾ ਗਿਆ ਏ । ਉਨ੍ਹਾਂ ਕਿਹਾ ਕਿ ਭੋਜਨ ਦਾ ਹਰ ਦਾਣਾ ਕੀਮਤੀ ਏ ਅਤੇ ਜੀਵਨ ਦਾ ਆਧਾਰ ਏ। ਭੋਜਨ ਬਚਾਉਣ ਅਤੇ ਜਾਨਾਂ ਬਚਾਉਣ ਦਾ ਸੰਦੇਸ਼ ਦਿੰਦੇ ਹੋਏ, ਸ਼੍ਰੀ ਚੌਹਾਨ ਨੇ

ਸਮੂਹਿਕ ਅਹਿਦ ਲੈਣ ਦਾ ਸੱਦਾ ਦਿੱਤਾ ਤਾਂ ਜੋ ਆਲੇ ਦੁਆਲੇ ਕੋਈ ਵੀ ਭੁੱਖਾ ਨਾ ਰਹੇ। ਵਿਸ਼ਵ ਖੁਰਾਕ ਦਿਵਸ ਹਰ ਸਾਲ 16 ਅਕਤੂਬਰ ਨੂੰ ਮਨਾਇਆ ਜਾਂਦਾ ਏ। ਇਹ ਦਿਨ 1945 ਵਿੱਚ ਸੰਯੁਕਤ ਰਾਸ਼ਟਰ ਦੇ ਖੁਰਾਕ ਅਤੇ ਖੇਤੀਬਾੜੀ ਸੰਗਠਨ ਦੀ ਸਥਾਪਨਾ ਦੀ ਯਾਦ ਦਿਵਾਉਂਦਾ ਏ ।

-----------------------------------------------------------------------------------

ਚੰਡੀਗੜ੍ਹ ਦੀ ਮਸ਼ਹੂਰ ਸੁਖਨਾ ਜਲਗਾਹ ਨੇ 'ਰਾਮਸਰ ਸਾਈਟ' ਵਜੋਂ ਅੰਤਰਰਾਸ਼ਟਰੀ ਮਾਨਤਾ ਹਾਸਿਲ ਕੀਤੀ ਏ। ਇਹ ਮਾਨਤਾ ਇਸਦੀ ਸਾਂਭ-ਸੰਭਾਲ, ਵਿਸ਼ਵ-ਵਿਆਪੀ ਵਿਗਿਆਨਕ ਨਿਗਰਾਨੀ ਅਤੇ ਈਕੋ-ਟੂਰਿਜ਼ਮ ਵੱਲ ਵਧੇਰੇ ਅੰਤਰ-ਰਾਸ਼ਟਰੀ ਧਿਆਨ ਖਿਚੇਗੀ। ਸੁਖਨਾ ਜਲਗਾਹ ਇੱਕ ਅਜਿਹੀ ਜਲਗਾਹ ਏ, ਜੋ ਖੁੱਲ੍ਹੇ ਪਾਣੀ ਤੋਂ ਲੈ ਕੇ ਕੰਢੇ ਦੀ ਬਨਸਪਤੀ, ਝਾੜੀਆਂ ਅਤੇ ਜੰਗਲ ਤੱਕ ਵੱਖ-ਵੱਖ ਤਰ੍ਹਾਂ ਦੇ ਪੌਦਿਆਂ ਅਤੇ ਜੀਵ-ਜੰਤੂਆਂ ਲਈ ਟਿਕਾਣਾ ਪ੍ਰਦਾਨ ਕਰਦੀ  ਏ। ਇਹ ਇੱਥੇ ਰਹਿਣ ਵਾਲੇ ਜਲ-ਪੰਛੀਆਂ ਅਤੇ 'ਕੇਂਦਰੀ ਏਸ਼ੀਆ ਤੋਂ ਆਉਣ ਵਾਲੇ ਹੋਰ ਪੰਛੀਆਂ ਲਈ ਵਿਸ਼ੇਸ਼ ਤੌਰ 'ਤੇ ਮਹੱਤਵਪੂਰਨ ਏ। ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ, ਗੁਲਾਬ ਚੰਦ ਕਟਾਰੀਆ ਨੇ ਚੰਡੀਗੜ੍ਹ ਦੇ ਲੋਕਾਂ, ਵਾਤਾਵਰਣ ਪ੍ਰੇਮੀਆਂ, ਮਾਹਿਰਾਂ, ਜੰਗਲਾਤ ਅਤੇ

ਜੰਗਲੀ ਜੀਵ ਵਿਭਾਗ ਅਤੇ ਹੋਰ ਸਬੰਧਤ ਵਿਅਕਤੀਆਂ ਨੂੰ ਇਸ ਵਿਲੱਖਣ ਕੁਦਰਤੀ ਸਥਾਨ ਦੀ ਰਾਖੀ ਲਈ ਦਿਖਾਏ ਗਏ ਅਟੁੱਟ ਸਮਰਪਣ ਵਾਸਤੇ ਵਧਾਈ ਦਿੱਤੀ ਏ।

-------------------------------------------------------------------------

ਕੇਂਦਰੀ ਵਾਤਾਵਰਣ , ਜੰਗਲਾਤ ਅਤੇ ਜਲਵਾਯੂ ਤਬਦੀਲੀ ਮੰਤਰੀ ਭੂਪੇਂਦਰ ਯਾਦਵ ਨੇ ਦੱਸਿਆ ਕਿ ਚੰਡੀਗੜ੍ਹ ਵਿੱਚ ਸੁਖਨਾ ਵੇਟਲੈਂਡ ਅਤੇ ਉੱਤਰ ਪ੍ਰਦੇਸ਼ ਵਿੱਚ ਸੌਜ ਝੀਲ ਨੂੰ ਰਾਮਸਰ ਦੀ ਸੂਚੀ ਵਿੱਚ ਸ਼ਾਮਲ ਕਰਨ ਨਾਲ ਭਾਰਤ ਦੀ ਰਾਮਸਰ ਸਾਈਟ ਦੀ ਗਿਣਤੀ 103 ਤੱਕ ਪਹੁੰਚ ਗਈ ਏ |

-------------------------------------------------------------------------

ਅਟਾਰੀ-ਵਾਹਗਾ ਸਰਹੱਦ ’ਤੇ ਰਿਟਰੀਟ ਸੈਰੇਮਨੀ ਯਾਨੀ ਕੌਮੀ ਝੰਡਾ ਉਤਾਰਨ ਦੀ ਰਸਮ ਦੇ ਸਮੇਂ ਵਿੱਚ ਮੌਸਮ ਵਿੱਚ ਬਦਲਾਅ ਦੇ ਚੱਲਦਿਆਂ ਤਬਦੀਲੀ ਕੀਤੀ ਗਈ ਏ । ਬੀ.ਐੱਸ.ਐੱਫ ਅਧਿਕਾਰੀਆਂ ਵੱਲੋਂ ਦਿੱਤੀ ਗਈ ਜਾਣਕਾਰੀ ਤਹਿਤ ਇਸ ਤਬਦੀਲੀ ਮੁਤਾਬਿਕ ਰਿਟਰੀਟ ਸੈਰੇਮਨੀ ਕੱਲ੍ਹ ਸ਼ਾਮ 5 ਵਜੇ ਤੋਂ ਸਾਢੇ 5 ਵਜੇ ਤੱਕ ਹੋਵੇਗੀ । ਪਹਿਲਾਂ ਇਹ ਸਮਾਂ ਸ਼ਾਮ ਸਾਢੇ 5 ਵਜੇ ਤੋਂ 6 ਵਜੇ ਤੱਕ ਸੀ।

-------------------------------------------------------------------------

ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਮੰਡੀ ਮੁਕਤਸਰ ਜ਼ਿਲੇ ਦੇ ਪੰਨੀਵਾਲਾ, ਆਲਮਵਾਲਾ ਅਤੇ ਮਿੱਡਾ ਵਿਖੇ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਦੀ ਹਾਜ਼ਰੀ ਵਿੱਚ ਝੋਨੇ ਦੀ ਸਰਕਾਰੀ ਖਰੀਦ ਦੀ ਸ਼ੁਰੂਆਤ ਕਰਵਾਈ। ਮੰਤਰੀ  ਨੇ ਕਿਹਾ ਕਿ ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਕਿਸਮ ਦੀ ਦਿੱਕਤ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਖਰੀਦ, ਚੁਕਾਈ  ਅਤੇ ਅਦਾਇਗੀ ਦੀ ਪ੍ਰਕਿਰਿਆ ਨੂੰ ਸਮੇਂ ਸਿਰ ਮੁਕੰਮਲ ਕਰਨ ਲਈ ਸਬੰਧਤ ਵਿਭਾਗਾਂ ਵੱਲੋਂ ਲਗਾਤਾਰ ਨਿਗਰਾਨੀ ਕੀਤੀ ਜਾ ਰਹੀ ਏ । ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਝੋਨੇ ਦੀ ਫ਼ਸਲ ਨੂੰ ਮੰਡੀਆਂ ਵਿੱਚ ਸੁੱਕਾ ਕੇ ਅਤੇ ਸਰਕਾਰੀ ਨਿਯਮਾਂ ਅਨੁਸਾਰ ਲੈ ਕੇ ਆਉਣ, ਤਾਂ ਜੋ ਖਰੀਦ ਪ੍ਰਕਿਰਿਆ ਸੁਚਾਰੂ ਢੰਗ ਨਾਲ ਨੇਪਰੇ ਚੜ੍ਹ ਸਕੇ।

---------------------------------------------------------------------------

ਭਾਰਤੀ ਮਹਿਲਾ ਕ੍ਰਿਕਟ ਟੀਮ ਅੱਜ ਰਾਏਪੁਰ ਵਿੱਚ ਜ਼ਿੰਬਾਬਵੇ ਖਿਲਾਫ਼ ਤਿੰਨ 20-20 ਮੈਚਾਂ ਦੀ ਲੜੀ ਦਾ ਪਹਿਲਾ ਮੈਚ ਖੇਡੇਗੀ। ਮੈਚ ਭਾਰਤੀ ਸਮੇਂ ਅਨੁਸਾਰ ਸ਼ਾਮੀਂ 7 ਵਜੇ ਸ਼ੁਰੂ ਹੋਵੇਗਾ। ਲੜੀ ਦਾ ਦੂਜਾ ਮੈਚ 18 ਅਕਤੂਬਰ ਨੂੰ ਅਤੇ ਤੀਜਾ ਮੈਚ 20 ਅਕਤੂਬਰ ਨੂੰ ਹੋਵੇਗਾ। ਮਹਿਲਾ

ਦਰਸ਼ਕਾਂ ਨੂੰ ਸਾਰੇ ਤਿੰਨੋਂ ਮੈਚਾਂ ਲਈ, ਸਟੇਡੀਅਮ ਵਿੱਚ ਮੁਫ਼ਤ ਦਾਖਲਾ ਦਿੱਤਾ ਜਾਵੇਗਾ। 20-20 ਸੀਰੀਜ਼ ਤੋਂ ਬਾਅਦ, ਦੋਵਾਂ ਟੀਮਾਂ ਵਿਚਕਾਰ, ਤਿੰਨ ਇੱਕ ਰੋਜ਼ਾ ਅੰਤਰ-ਰਾਸ਼ਟਰੀ ਮੈਚ ਵੀ ਖੇਡੇ ਜਾਣਗੇ।

----------------------------------------------------------------------

- ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਪੰਜਾਬ ਵਿੱਚ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ, ਗੈਂਗਸਟਰਵਾਦ ਅਤੇ ਸੰਗਠਿਤ ਅਪਰਾਧ ਦੇ ਵਧ ਰਹੇ ਖ਼ਤਰੇ 'ਤੇ ਚਿੰਤਾ ਪ੍ਰਗਟ ਕੀਤੀ ।
- BJP ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਬੀਨ ਨੇ ਕਿਹਾ -ਪੰਜਾਬ ਨੂੰ ਡਰੱਗ ਮਾਫੀਆ ਖਿਲਾਫ ਫੈਸਲਾਕੁੰਨ ਕਾਰਵਾਈ ਦੀ ਲੋੜ ਏ ।
- -ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਅੱਜ ਸੀਨੀਅਰ ਸਿਵਲ ਅਤੇ ਪੁਲਿਸ ਅਧਿਕਾਰੀਆਂ ਦੀ ਇੱਕ ਉੱਚ ਪੱਧਰੀ ਸਮੀਖਿਆ ਮੀਟਿੰਗ–ਕਿਹਾ ਪੰਜਾਬ ਤੋਂ ਨਸ਼ਿਆਂ ਦਾ ਦਾਗ਼ ਮਿਟਾਉਣ ਲਈ ਸਰਕਾਰ ਪੂਰੀ ਤਨਦੇਹੀ ਨਾਲ ਕੰਮ ਕਰ ਰਹੀ ਏ I
- ਚੰਡੀਗੜ੍ਹ ਦੀ ਮਸ਼ਹੂਰ ਸੁਖਨਾ ਜਲਗਾਹ ਨੇ 'ਰਾਮਸਰ ਸਾਈਟ' ਵਜੋਂ ਅੰਤਰ-ਰਾਸ਼ਟਰੀ ਮਾਨਤਾ ਹਾਸਿਲ ਕੀਤੀ ।

ਅਤੇ

- ਮਹਿਲਾਵਾਂ ਦੇ ਤਿੰਨ ਟਵੈਂਟੀ-ਟਵੈਂਟੀ ਮੈਚਾਂ ਦੀ ਲੜੀ ਦਾ ਪਹਿਲਾ ਮੈਚ, ਭਾਰਤ ਅਤੇ ਜ਼ਿੰਬਾਬਵੇ ਦਰਮਿਆਨ ਅੱਜ ਰਾਏਪੁਰ ਵਿੱਚ ਸ਼ਾਮੀਂ 7 ਵਜੇ ਖੇਡਿਆ ਜਾਵੇਗਾ I

ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗ 8.30 ਨਮਸਕਾਰ